# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 01-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਦਾ ਹਰ ਹਿੱਸਾ ਮਾਓਵਾਦੀ ਹਿੰਸਾ ਤੋਂ ਮੁਕਤ ਹੋ ਜਾਵੇਗਾ। ਓਨ੍ਹਾਂ ਅਜਜ ਰਾਏਪੁਰ ਵਿੱਚ ਛੱਤੀਸਗੜ੍ਹ ਦੀ ਸਿਲਵਰ ਜੁਬਲੀ ਸਮਾਰੋਹ ਨੂੰ ਸੰਬੋਧਨ ਕੀਤਾ |

- ਅੱਜ ਪੰਜਾਬ ਤੇ ਹਰਿਆਣਾ ਸਮੇਤ 9 ਸੂਬਿਆਂ ਅਤੇ ਚੰਡੀਗੜ੍ਹ, ਸਮੇਤ 7 ਕੇਂਦਰ ਸ਼ਾਸਤ ਪ੍ਰਦੇਸ਼ਾਂ ਦਾ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਏ.
- ਪੰਜਾਬ ਵਿੱਚ ਰੇਲ ਸੰਪਰਕ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਵਲੋਂ, ਦਿੱਲੀ-ਮੋਗਾ ਐਕਸਪ੍ਰੈਸ ਨੂੰ ਹੁਣ ਫਿਰੋਜ਼ਪੁਰ ਛਾਉਣੀ ਤੱਕ ਵਧਾ ਦਿੱਤਾ ਗਿਆ ਏ।

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਵਿੱਤਰ ਵੇਈਂ ਦੇ ਕੰਢਿਆਂ ਨੂੰ ਪੱਕਾ ਕਰਨ ਦੇ ਕੰਮ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ।

- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ'ਚ ਇੰਡੀਅਨ OIL ਮੁੰਬਈ ਅਤੇ ਭਾਰਤੀ ਰੇਲਵੇ ਦਿੱਲੀ ਦਰਮਿਆਨ ਫਾਈਨਲ ਮੁਕਾਬਲਾ ਅੱਜ ਖੇਡਿਆ ਜਾਏਗਾ.ਮੈਚ ਦਾ ਅਖੀਂ ਡਿਠਾ ਹਾਲ ਆਕਾਸ਼ਵਾਣੀ'ਤੇ ਸ਼ਾਮ 7 ਵਜ ਕੇ 10 ਮਿੰਟ ਤੋਂ ਪ੍ਰਸਾਰਿਤ ਕੀਤਾ ਜਾਏਗਾ.

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਹ ਦਿਨ ਦੂਰ ਨਹੀਂ ਜਦੋਂ ਛੱਤੀਸਗੜ੍ਹ ਸਮੇਤ ਦੇਸ਼ ਦਾ ਹਰ ਹਿੱਸਾ ਮਾਓਵਾਦੀ ਹਿੰਸਾ ਤੋਂ ਮੁਕਤ ਹੋ ਜਾਵੇਗਾ। ਅੱਜ ਰਾਏਪੁਰ ਵਿੱਚ ਛੱਤੀਸਗੜ੍ਹ ਦੀ ਸਿਲਵਰ ਜੁਬਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਮਾਓਵਾਦੀ ਦਹਿਸ਼ਤ ਕਾਰਨ ਛੱਤੀਸਗੜ੍ਹ ਦੇ ਕਬਾਇਲੀ ਖੇਤਰ ਲੰਮੇ ਸਮੇਂ

ਤੋਂ ਸੜਕਾਂ, ਸਕੂਲ ਅਤੇ ਹਸਪਤਾਲਾਂ ਵਰਗੀਆਂ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਸਨ. ਉਨ੍ਹਾਂ ਕਿਹਾ ਕਿ ਸਰਕਾਰ ਨੇ ਦੇਸ਼ ਨੂੰ ਨਕਸਲਵਾਦ ਦੇ ਖ਼ਤਰੇ ਤੋਂ ਮੁਕਤ ਕਰਨ ਦਾ ਅਹਿਦ ਲਿਆ ਏ. ਨਤੀਜੇ ਵਜੋਂ, ਜਦੋਂ ਕਿ ਗਿਆਰਾਂ ਸਾਲ ਪਹਿਲਾਂ ਦੇਸ਼ ਦੇ ਇੱਕ ਸੌ ਪੱਚੀ ਜ਼ਿਲ੍ਹੇ ਮਾਓਵਾਦੀ ਹਿੰਸਾ ਤੋਂ ਪ੍ਰਭਾਵਿਤ ਸਨ, ਹੁਣ ਇਹ ਸਮੱਸਿਆ ਸਿਰਫ਼ ਤਿੰਨ ਜ਼ਿਲ੍ਹਿਆਂ ਤੱਕ ਸੀਮਤ ਏ-

BYTE

ਸ਼੍ਰੀ ਮੋਦੀ ਨੇ ਕਿਹਾ ਕਿ ਹਾਲ ਹੀ ਦੇ ਮਹੀਨਿਆਂ ਵਿੱਚ ਵੱਡੀ ਗਿਣਤੀ ਵਿੱਚ ਮਾਓਵਾਦੀਆਂ ਨੇ ਹਥਿਆਰ ਸੁੱਟ ਦਿੱਤੇ ਨੇ ਅਤੇ ਮੁੱਖ ਧਾਰਾ ਵਿੱਚ ਸ਼ਾਮਲ ਹੋਏ ਨੇ ਤੇ ਭਾਰਤ ਦੇ ਸੰਵਿਧਾਨ ਨੂੰ ਸਵੀਕਾਰ ਕੀਤਾ ਏ । ਇਸ ਮੌਕੇ, ਪ੍ਰਧਾਨ ਮੰਤਰੀ ਨੇ 14 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਤੇ ਨੀਂਹ ਪੱਥਰ ਰੱਖਿਆ।

-------------------------------------------------------

ਅੱਜ ਪੰਜਾਬ ਅਤੇ ਹਰਿਆਣਾ ਸਮੇਤ 9  ਸੂਬੇ  ਅਤੇ ਚੰਡੀਗੜ੍ਹ, ਦਿੱਲੀ,

ਜੰਮੂ-ਕਸ਼ਮੀਰ ਅਤੇ ਲੱਦਾਖ ਸਮੇਤ 7 ਕੇਂਦਰ ਸ਼ਾਸਤ ਪ੍ਰਦੇਸ਼ਾਂ ਦਾ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਏ |ਇਹ ਦਿਨ ਮਨਾਉਣ ਲਈ, ਅੱਜ ਚੰਡੀਗੜ੍ਹ ਵਿੱਚ "ਏਕ ਭਾਰਤ ਸ੍ਰੇਸ਼ਠ ਭਾਰਤ" ਵਿਸ਼ੇ ਤਹਿਤ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕੀਤੀ। ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਵੱਖਰੀ ਸੱਭਿਆਚਾਰਕ ਪਛਾਣ ਨੂੰ ਦਰਸਾਉਂਦੇ ਰੰਗਾਂ-ਰੰਗ ਪ੍ਰੋਗਰਾਮਾਂ ਰਾਹੀਂ, ਭਾਰਤ ਦੀ ਏਕਤਾ ਅਤੇ ਭਿੰਨਤਾ ਦਾ ਵਿਖਾਲਾ ਕਰਦਿਆਂ, ਦੇਸ਼ ਭਰ ਦੇ ਰਵਾਇਤੀ ਨਾਚ ਅਤੇ ਲੋਕ ਗੀਤ ਪੇਸ਼ ਕੀਤੇ ਗਏ। ਸਮਾਗਮ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਹਿਸੇਦਾਰ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚੋਂ, ਹਰੇਕ ਦੇ ਵਿਲੱਖਣ ਸੱਭਿਆਚਾਰਕ ਅਤੇ ਸਮਾਜਿਕ ਯੋਗਦਾਨ ਬਾਰੇ ਗੱਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਸਮਾਗਮ ਨਾਗਰਿਕਾਂ ਨੂੰ ਭਾਰਤ ਦੇ ਸੱਭਿਆਚਾਰ ਦੀ ਅਮੀਰੀ ਬਾਰੇ ਸਿੱਖਣ ਅਤੇ ਮਨਾਉਣ ਦਾ ਮੌਕਾ ਦਿੰਦੇ ਨੇ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਭਿੰਨਤਾ 'ਤੇ ਮਾਣ ਕਰਨਾ

ਚਾਹੀਦਾ ਏ ਅਤੇ ਇਸਨੂੰ ਪਿਆਰ ਅਤੇ ਸਤਿਕਾਰ ਨਾਲ ਸੁਰੱਖਿਅਤ ਰੱਖਣਾ ਚਾਹੀਦਾ ਏ। ਇਸ ਮੌਕੇ ਪੰਜਾਬ ਦੇ ਕਈ ਮੰਤਰੀ, ਸੀਨੀਅਰ ਨੌਕਰਸ਼ਾਹ ਅਤੇ ਸਿਆਸੀ ਨੇਤਾ ਵੀ ਮੌਜੂਦ ਸਨ।

---------------------------------------------------------

ਪਹਿਲਾਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੰਜਾਬ, ਤੇ ਹਰਿਆਣਾ ਸਮੇਤ ਵੱਖ-ਵੱਖ ਸੂਬਿਆਂ ਅਤੇ ਚੰਡੀਗੜ ਸਮੇਤ ਵੱਖ-ਵੱਖ ਕੇਂਦਰ ਸ਼ਾਸਤ ਪ੍ਰਦੇਸ਼ਾਂ  ਦੇ ਲੋਕਾਂ ਨੂੰ ਉਨ੍ਹਾਂ ਦੇ ਸਥਾਪਨਾ ਦਿਵਸ 'ਤੇ ਵਧਾਈਆਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਨ੍ਹਾਂ ਸਾਰੇ ਸੂਬਿਆਂ ਨੇ ਦੇਸ਼ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ । ਉਨ੍ਹਾਂ ਕਾਮਨਾ ਕੀਤੀ ਕਿ ਇਹ ਸੂਬੇ  ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਆਪਣੀ ਵਿਕਾਸ ਯਾਤਰਾ ਵਿੱਚ ਨਵੇਂ ਮੀਲ ਪੱਥਰ ਪ੍ਰਾਪਤ ਕਰਦੇ ਰਹਿਣ। ਪ੍ਰਧਾਨ ਮੰਤਰੀ ਨੇ ਵੀ ਵੱਖ-ਵੱਖ ਸੂਬਿਆਂ  ਨੂੰ ਸਥਾਪਨਾ ਦਿਵਸ ਮੌਕੇ ਵਧਾਈ ਦਿੱਤੀ ਏ.

---

ਪੰਜਾਬ ਦਿਵਸ ਦੇ ਮੌਕੇ 'ਤੇ ਅੱਜ ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਮਹੀਨਾ ਭਰ ਚੱਲਣ ਵਾਲੇ ਸਾਹਿਤਕ ਤੇ ਸੱਭਿਆਚਾਰਕ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ। ਸ੍ਰੀ ਜ਼ਫ਼ਰ ਨੇ ਇਸ ਮੌਕੇ ਹਫ਼ਤਾ ਭਰ ਚੱਲਣ ਵਾਲੇ ਕਿਤਾਬ ਮੇਲੇ ਦਾ ਉਦਘਾਟਨ ਕੀਤਾ। ਇਸ ਉਪਰੰਤ, ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਕਾਲੀਦਾਸ ਆਡੀਟੋਰੀਅਮ ’ਚ ਕਰਵਾਏ ਗਏ ਉਦਘਾਟਨੀ ਸਮਾਗਮ ਦੀ ਪ੍ਰਧਾਨਗੀ, ਉੱਘੇ ਅਰਥ ਸ਼ਾਸ਼ਤਰੀ, ਡਾ. ਸਰਦਾਰਾ ਸਿੰਘ ਜੌਹਲ ਨੇ ਕੀਤੀ। ਉਨ੍ਹਾਂ ਨੇ ਵਿਭਾਗ ਦਾ ਝੰਡਾ ਲਹਿਰਾ ਕੇ ਸਮਾਗਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਸਰਬੋਤਮ ਪੰਜਾਬੀ ਪੁਸਤਕ ਪੁਰਸਕਾਰ ਵੀ ਪ੍ਰਦਾਨ ਕੀਤੇ ਗਏ।

---

ਕੇਂਦਰ ਸਰਕਾਰ ਵੱਲੋਂ ਪੰਜਾਬ ਵਿੱਚ ਰੇਲ ਸੰਪਰਕ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਦੇ ਮੱਦੇਨਜ਼ਰ, ਦਿੱਲੀ-ਮੋਗਾ ਐਕਸਪ੍ਰੈਸ ਨੂੰ ਹੁਣ ਫਿਰੋਜ਼ਪੁਰ ਛਾਉਣੀ ਤੱਕ ਵਧਾ ਦਿੱਤਾ ਗਿਆ ਏ। ਰੇਲ

ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇਸ ਬਾਰੇ ਐਲਾਨ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਦਾ ਪੰਜਾਬ ਪ੍ਰਤੀ ਉਨ੍ਹਾਂ ਦੇ ਪਿਆਰ ਅਤੇ ਵਚਨਬੱਧਤਾ ਲਈ ਧੰਨਵਾਦ ਕੀਤਾ | ਸੋਧੇ ਹੋਏ ਸ਼ਡਿਊਲ ਅਨੁਸਾਰ, ਇਹ ਰੇਲਗੱਡੀ ਦਿੱਲੀ ਤੋਂ ਜਾਖਲ ਅਤੇ ਲੁਧਿਆਣਾ ਰਾਹੀਂ ਲੰਘੇਗੀ ਅਤੇ ਦੁਪਹਿਰ ਬਾਅਦ 1 ਵਜ ਕੇ 57 ਮਿੰਟ 'ਤੇ ਮੋਗਾ ਪਹੁੰਚੇਗੀ ਅਤੇ ਦੋ ਮਿੰਟ ਬਾਅਦ ਫਿਰੋਜ਼ਪੁਰ ਛਾਉਣੀ ਲਈ ਰਵਾਨਾ ਹੋਵੇਗੀ, ਜਿੱਥੇ ਇਹ ਦੁਪਹਿਰ ਬਾਅਦ 3 ਵਜੇ ਪਹੁੰਚੇਗੀ। ਵਾਪਸੀ ਦੀ ਯਾਤਰਾ 'ਤੇ, ਇਹ ਰੇਲਗੱਡੀ ਫਿਰੋਜ਼ਪੁਰ ਛਾਉਣੀ ਤੋਂ ਦੁਪਹਿਰ ਬਾਅਦ 3 ਵਜ ਕੇ 35 ਮਿੰਟ 'ਤੇ ਰਵਾਨਾ ਹੋਵੇਗੀ ਅਤੇ ਰਾਤ 11 ਵਜ ਕੇ 35 ਮਿੰਟ 'ਤੇ ਦਿੱਲੀ ਪਹੁੰਚੇਗੀ। ਮੰਤਰੀ ਨੇ ਕਿਹਾ ਕਿ ਇਸ ਨਾਲ, ਫਿਰੋਜ਼ਪੁਰ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਦੀ ਲੰਮੇਂ ਸਮੇਂ ਤੋਂ ਚੱਲੀ ਆ ਰਹੀ ਮੰਗ ਆਖਰਕਾਰ ਪੂਰੀ ਹੋ ਗਈ ਏ। ਇਸ ਨਾਲ ਨਾ ਸਿਰਫ਼ ਮੁਸਾਫ਼ਰਾਂ ਨੂੰ ਫਾਇਦਾ ਹੋਵੇਗਾ, ਸਗੋਂ ਖਿੱਤੇ ਵਿੱਚ ਵਪਾਰ ਅਤੇ ਸੰਪਰਕ ਨੂੰ ਵੀ ਵੱਡਾ ਹੁਲਾਰਾ ਮਿਲੇਗਾ।

-------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਵਿੱਤਰ ਵੇਈਂ ਦੇ ਕੰਢਿਆਂ ਨੂੰ ਪੱਕਾ ਕਰਨ ਦੇ ਕੰਮ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ। ਤਲਵੰਡੀ ਚੌਧਰੀਆਂ ਪੁਲ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਨਹਿਰ ਦਾ ਇੱਕ ਪਾਸਾ ਪੱਕਾ ਕਰਨਾ ਰਹਿ ਗਿਆ ਸੀ। ਇਸ ਪਾਸੇ, ਬਹੁਤ ਸਾਰੇ ਲੋਕਾਂ ਵੱਲੋਂ ਕੀਤੇ ਗਏ ਨਾਜਾਇਜ਼ ਕਬਜ਼ਿਆਂ ਨੂੰ ਜਾਇਜ਼ ਠਹਿਰਾਉਣ ਲਈ ਅਦਾਲਤਾਂ ਤੱਕ ਵੀ ਪਹੁੰਚ ਕੀਤੀ ਗਈ ਏ। ਗੁਰਦੁਆਰਾ ਬੇਰ ਸਾਹਿਬ ਤੋਂ ਗੁਰਦੁਆਰਾ ਸੰਤ ਘਾਟ ਤੱਕ, ਦੋਵੇਂ ਪਾਸੇ ਪੱਥਰ ਲੱਗੇ ਹੋਏ ਨੇ ਪਰ ਇਸ ਥੋੜੇ  ਜਿਹੇ ਹਿੱਸੇ ਵਿੱਚ ਕੋਈ ਪੱਥਰ ਨਹੀਂ ਲੱਗਿਆ ਹੋਇਆ। ਗੱਲਬਾਤ ਦੌਰਾਨ, ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਸਰਤਾਜ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ 'ਤੇ 2 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਦੱਸਿਆ ਕਿ ਸੰਤ ਸੀਚੇਵਾਲ ਵੱਲੋਂ 2003 ਦੌਰਾਨ, ਵੇਈਂ ਦੇ ਕਿਨਾਰੇ ਪੱਥਰ ਲਗਾਏ ਗਏ ਸਨ। ਜ਼ਿਕਰਯੋਗ ਏ ਕਿ ਇਤਿਹਾਸਕ ਸ਼ਹਿਰ ਸੁਲਤਾਨਪੁਰ ਲੋਧੀ ਨੂੰ ਕੇਂਦਰ ਸਰਕਾਰ ਵੱਲੋਂ ਸਮਾਰਟ ਸਿਟੀ ਐਲਾਨਿਆ ਗਿਆ ਸੀ। ਇਸ ਪ੍ਰੋਜੈਕਟ ਤਹਿਤ, ਪਵਿੱਤਰ

ਵੇਈਂ ਦੇ ਇਲਾਕੇ ਨੂੰ ਸੋਹਣਾ ਬਣਾਉਣ ਲਈ, 46 ਕਰੋੜ ਰੁਪਏ ਦੀ ਗ੍ਰਾਂਟ ਸ਼ਾਮਲ ਸੀ। ਉਦਘਾਟਨ ਤੋਂ ਪਹਿਲਾਂ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਜਸ਼ਨਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ADC ਨਵਨੀਤ ਕੌਰ ਬੱਲ, SDM ਅਲਕਾ ਕਾਲੀਆ ਸਮੇਤ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

-----------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ, ਦੇਸ਼ ਭਰ ਦੇ ਉਘੇ ਨੇਤਾਵਾਂ ਨੂੰ ਸੱਦਾ ਦੇਣ ਸਬੰਧੀ, ਪੰਜਾਬ ਸਰਕਾਰ ਦੀ ਪਹਿਲਕਦਮੀ ਦੇ ਹਿੱਸੇ ਵਜੋਂ, ਪੰਜਾਬ ਦੇ ਕੈਬਿਨੇਟ ਮੰਤਰੀਆਂ, ਅਮਨ ਅਰੋੜਾ ਅਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਲਖਨਊ ਵਿਖੇ, ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਯੋਗੀ ਆਦਿੱਤਿਆਨਾਥ ਨਾਲ ਮੁਲਾਕਾਤ ਕੀਤੀ ਅਤੇ  ਓਹਨਾ ਨੂੰ ਰਸਮੀ ਤੌਰ ਸਮਾਗਮਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

--------------------------------------------------------

ਪੰਜਾਬ ਯੂਨੀਵਰਸਿਟੀ ਵਿਖੇ ਤਿੰਨ ਦਿਨਾਂ "ਆਪ੍ਰੇਸ਼ਨ ਸਿੰਦੂਰ ਕ੍ਰਿਕਟ ਕੱਪ 2025" ਬੇਹੱਦ ਉਤਸ਼ਾਹ, ਮਾਣ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਖਤਮ ਹੋਇਆ। ਇਹ EVENT ਭਾਰਤੀ ਫੌਜ, ਸਮੁੰਦਰੀ ਫੌਜ ਅਤੇ ਹਵਾਈ ਫੌਜ ਦੇ ਸੈਨਿਕਾਂ ਦੀ ਬੇਮਿਸਾਲ ਬਹਾਦਰੀ, ਕੁਰਬਾਨੀ ਅਤੇ ਹਿੰਮਤ ਨੂੰ ਸਮਰਪਿਤ ਸੀ । ਇਹ ਮੈਚ, ਪੰਜਾਬ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ - Singh is King, Roko-11, Punjab Kings ਅਤੇ DAV College, ਜਲਾਲਾਬਾਦ ਵਿਚਕਾਰ ਖੇਡੇ ਗਏ। ਮੁੰਡਿਆਂ 'ਚੋਂ ਪੰਜਾਬ ਕਿੰਗਜ਼ ਦੀ ਟੀਮ ਨੇ ਅਤੇ ਕੁੜੀਆਂ 'ਚੋਂ ਰਾਇਲ ਚੈਲੇਂਜਰਜ਼ ਦੀ ਟੀਮ ਨੇ ਜਿੱਤ ਹਾਸਿਲ ਕੀਤੀ।

--------------------------------------------------------

ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਖੇਡੇ ਜਾ ਰਹੇ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ, ਅੱਜ ਇੰਡੀਅਨ OIL ਮੁੰਬਈ ਅਤੇ ਭਾਰਤੀ ਰੇਲਵੇ ਦਿੱਲੀ ਦੀਆਂ ਟੀਮਾਂ ਮੁਕਾਬਲਾ ਕਰਨ ਜਾ ਰਹੀਆਂ ਨੇ । ਆਕਾਸ਼ਵਾਣੀ ਤੋਂ

ਫਾਈਨਲ ਮੈਚ ਦਾ ਅੱਖੀ ਡਿੱਠਾਂ ਹਾਲ ਸ਼ਾਮ 7 ਵਜ ਕੇ 10 ਮਿੰਟ ਤੋਂ ਪ੍ਰਸਾਰਿਤ ਕੀਤਾ ਜਾਵੇਗਾ। ਇੰਡੀਅਨ ਰੇਲਵੇ ਦਿੱਲੀ ਦੀ ਟੀਮ ਪੰਜਵੀਂ ਵਾਰ ਜਦੋਂ ਕਿ ਇੰਡੀਅਨ ਆਇਲ ਮੁੰਬਈ ਦੀ ਟੀਮ, 14ਵੀਂ ਵਾਰ ਫਾਈਨਲ ਵਿੱਚ ਪਹੁੰਚੀ ਏ। ਜੇਤੂ ਟੀਮ ਨੂੰ ਜੇਤੂ ਟਰਾਫੀ ਦੇ ਨਾਲ 5 ਲੱਖ 51 ਹਜ਼ਾਰ ਰੁਪਏ ਦਾ ਨਕਦ ਇਨਾਮ ਅਤੇ ਉਪ ਜੇਤੂ ਟੀਮ ਨੂੰ ਟਰਾਫੀ ਦੇ ਨਾਲ 2 ਲੱਖ 51 ਹਜ਼ਾਰ ਰੁਪਏ ਦਾ ਨਕਦ ਈਨਾਮ ਦਿੱਤਾ ਜਾਵੇਗਾ। ਟੂਰਨਾਮੈਂਟ ਦੇ ਸਰਵੋਤਮ ਖਿਡਾਰੀ ਨੂੰ 1 ਲੱਖ ਰੁਪਏ ਦਾ ਨਕਦ ਈਨਾਮ ਮਿਲੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਦਾ ਹਰ ਹਿੱਸਾ ਮਾਓਵਾਦੀ ਹਿੰਸਾ ਤੋਂ ਮੁਕਤ ਹੋ ਜਾਵੇਗਾ। ਓਨ੍ਹਾਂ ਅਜਜ ਰਾਏਪੁਰ ਵਿੱਚ ਛੱਤੀਸਗੜ੍ਹ ਦੀ ਸਿਲਵਰ ਜੁਬਲੀ ਸਮਾਰੋਹ ਨੂੰ ਸੰਬੋਧਨ ਕੀਤਾ |
- ਅੱਜ ਪੰਜਾਬ ਤੇ ਹਰਿਆਣਾ ਸਮੇਤ 9 ਸੂਬਿਆਂ ਅਤੇ ਚੰਡੀਗੜ੍ਹ, ਸਮੇਤ 7 ਕੇਂਦਰ ਸ਼ਾਸਤ ਪ੍ਰਦੇਸ਼ਾਂ ਦਾ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਏ.

- ਪੰਜਾਬ ਵਿੱਚ ਰੇਲ ਸੰਪਰਕ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਵਲੋਂ, ਦਿੱਲੀ-ਮੋਗਾ ਐਕਸਪ੍ਰੈਸ ਨੂੰ ਹੁਣ ਫਿਰੋਜ਼ਪੁਰ ਛਾਉਣੀ ਤੱਕ ਵਧਾ ਦਿੱਤਾ ਗਿਆ ਏ।

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਵਿੱਤਰ ਵੇਈਂ ਦੇ ਕੰਢਿਆਂ ਨੂੰ ਪੱਕਾ ਕਰਨ ਦੇ ਕੰਮ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ ।

- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ'ਚ ਇੰਡੀਅਨ OIL ਮੁੰਬਈ ਅਤੇ ਭਾਰਤੀ ਰੇਲਵੇ ਦਿੱਲੀ ਦਰਮਿਆਨ ਫਾਈਨਲ ਮੁਕਾਬਲਾ ਅੱਜ ਖੇਡਿਆ ਜਾਏਗਾ.ਮੈਚ ਦਾ ਅਖੀਂ ਡਿਠਾ ਹਾਲ ਆਕਾਸ਼ਵਾਣੀ'ਤੇ ਸ਼ਾਮ 7 ਵਜ ਕੇ 10 ਮਿੰਟ ਤੋਂ ਪ੍ਰਸਾਰਿਤ ਕੀਤਾ ਜਾਏਗਾ.

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**